ਗੂਜਰੀ ਮਹਲਾ ੫ ॥ ਜਨ ਕੀ ਪੈਜ ਸਵਾਰੀ ਆਪ ॥ ਹਰਿ ਹਰਿ ਨਾਮੁ ਦੀਓ ਗੁਰਿ ਅਵਖਧੁ ਉਤਰਿ ਗਇਓ ਸਭੁ ਤਾਪ ॥੧॥ ਰਹਾਉ ॥ ਹਰਿਗੋਬਿੰਦੁ ਰਖਿਓ ਪਰਮੇਸਰਿ ਅਪੁਨੀ ਕਿਰਪਾ ਧਾਰਿ ॥ ਮਿਟੀ ਬਿਆਧਿ ਸਰਬ ਸੁਖ ਹੋਏ ਹਰਿ ਗੁਣ ਸਦਾ ਬੀਚਾਰਿ ॥ ੧॥ ਅੰਗੀਕਾਰੁ ਕੀਓ ਮੇਰੈ ਕਰਤੈ ਗੁਰ ਪੂਰੇ ਕੀ ਵਡਿਆਈ ॥ ਅਬਿਚਲ ਨੀਵ ਧਰੀ ਗੁਰ ਨਾਨਕ ਨਿਤ ਨਿਤ ਚੜੈ ਸਵਾਈ ॥ ੨॥੧੫॥੨੪॥

{ਪੰਨਾ 500}

ਪਦਅਰਥ:- ਪੈਜ—ਇੱਜ਼ਤ। ਸਵਾਰੀ—ਕਾਇਮ ਰੱਖੀ, ਵਧਾਈ। ਗੁਰਿ—ਗੁਰੂ ਨੇ। ਅਵਖਧੁ—ਦਵਾਈ। ਸਭੁ—ਸਾਰਾ।1। ਰਹਾਉ।

ਪਰਮੇਸਰਿ—ਪਰਮੇਸਰ ਨੇ। ਧਾਰਿ—ਧਾਰ ਕੇ। ਬਿਆਧਿ—ਰੋਗ, ਬੀਮਾਰੀ। ਬੀਚਾਰਿ—ਵਿਚਾਰੇ, ਸੋਚ-ਮੰਡਲ ਵਿਚ ਟਿਕਾਏ।1।

ਅੰਗੀਕਾਰੁ ਕੀਓ—ਆਪਣੇ ਨਾਲ ਮਿਲਾਇਆ, ਆਪਣੇ ਚਰਨਾਂ ਵਿਚ ਜੋੜਿਆ। ਕਰਤੈ—ਕਰਤਾਰ ਨੇ। ਅਬਿਚਲ—ਕਦੇ ਨਾਹ ਹਿੱਲਣ ਵਾਲੀ। ਨੀਵ—ਨੀਂਹ। ਗੁਰ ਧਰੀ ਨੀਵ—ਗੁਰੂ ਦੀ ਰੱਖੀ ਹੋਈ ਨੀਂਹ। ਚੜੈ ਸਵਾਈ—ਵਧਦੀ ਹੈ।2।

ਅਰਥ:- ਹੇ ਭਾਈ! ਪਰਮਾਤਮਾ ਆਪਣੇ ਸੇਵਕ ਦੀ ਇੱਜ਼ਤ ਆਪ ਵਧਾਂਦਾ ਹੈ। (ਪਰਮਾਤਮਾ ਦਾ ਨਾਮ ਦਵਾਈ ਹੈ) ਗੁਰੂ ਨੇ ਜਿਸ ਮਨੁੱਖ ਨੂੰ ਹਰਿ-ਨਾਮ ਦੀ ਦਵਾਈ ਦੇ ਦਿੱਤੀ, ਉਸ ਦਾ ਹਰੇਕ ਕਿਸਮ ਦਾ ਤਾਪ (ਦੁੱਖ-ਕਲੇਸ਼) ਦੂਰ ਹੋ ਗਿਆ।1। ਰਹਾਉ।

(ਕਮਜ਼ੋਰ-ਦਿਲ ਲੋਕ ਦੇਵੀ ਦੀ ਪੂਜਾ ਨੂੰ ਤੁਰ ਪੈਂਦੇ ਹਨ, ਪਰ ਵੇਖੋ! (ਪਰਮਾਤਮਾ ਨੇ ਮੇਹਰ ਕਰ ਕੇ ਹਰਿ ਗੋਬਿੰਦ (ਜੀ) ਨੂੰ ਆਪ (ਚੇਚਕ ਦੇ ਤਾਪ ਤੋਂ) ਬਚਾ ਲਿਆ। ਪਰਮਾਤਮਾ ਦੇ ਗੁਣਾਂ ਨੂੰ ਮਨ ਵਿਚ ਟਿਕਾ ਕੇ ਹਰੇਕ ਰੋਗ ਦੂਰ ਹੋ ਜਾਂਦਾ ਹੈ, ਸਾਰੇ ਸੁਖ ਹੀ ਸੁਖ ਪ੍ਰਾਪਤ ਹੋ ਜਾਂਦੇ ਹਨ।1।

ਹੇ ਨਾਨਕ! (ਆਖ—) ਮੇਰੇ ਕਰਤਾਰ ਨੇ (ਡੋਲਣ ਤੋਂ ਬਚਾ ਕੇ ਮੈਨੂੰ) ਆਪਣੇ ਚਰਨਾਂ ਵਿਚ ਜੋੜੀ ਰੱਖਿਆ—ਇਹ ਸਾਰੀ ਪੂਰੇ ਗੁਰੂ ਦੀ ਵਡਿਆਈ (ਦਾ ਸਦਕਾ) ਸੀ। ਗੁਰੂ ਦੀ ਰੱਖੀ ਹੋਈ ਹਰਿ-ਨਾਮ ਸਿਮਰਨ ਦੀ ਨੀਂਹ ਕਦੇ ਡੋਲਣ ਵਾਲੀ ਨਹੀਂ ਹੈ। (ਇਹ ਨੀਂਹ ਜਿਸ ਹਿਰਦੇ-ਧਰਤੀ ਵਿਚ ਰੱਖੀ ਜਾਂਦੀ ਹੈ, ਉਥੇ) ਸਦਾ ਹੀ ਵਧਦੀ ਜਾਂਦੀ ਹੈ।2।15। 24।

ਨੋਟ:- ਸ਼ਬਦ ਦਾ ਕੇਂਦਰੀ ਭਾਵ 'ਰਹਾਉ' ਵਾਲੀ ਤੁਕ ਵਿਚ ਹੈ ਕਿ ਪ੍ਰਭੂ ਦਾ ਨਾਮ ਸਾਰੇ ਰੋਗਾਂ ਦਾ ਦੂਰ ਕਰਨ ਵਾਲਾ ਹੈ। ਇਸ ਅਸੂਲ ਦੀ ਪ੍ਰੋੜਤਾ ਕਰਨ ਲਈ ਮਿਸਾਲ ਵਜੋਂ ਗੁਰੂ ਹਰਿ ਗੋਬਿੰਦ ਸਾਹਿਬ ਦੇ ਅਰੋਗ ਹੋ ਜਾਣ ਦਾ ਜ਼ਿਕਰ ਕੀਤਾ ਹੈ। ਚੇਚਕ (ਮਾਤਾ ਦੀ ਬੀਮਾਰੀ) ਤੋਂ ਬਚਣ ਲਈ ਆਂਢ ਗੁਆਂਢ ਤੋਂ ਦੇਵੀ ਪੂਜਣ ਦੀ ਪ੍ਰੇਰਨਾ ਹੋ ਰਹੀ ਸੀ, ਜੋ ਗੁਰੂ ਅਰਜਨ ਸਾਹਿਬ ਨੂੰ ਪੋਹ ਨ ਸਕੀ। ਇਹ ਸ਼ਬਦ ਅਜੇਹੀ ਬਿਪਤਾ ਸਮੇ ਰਾਹਬਰੀ ਵਜੋਂ ਹੈ।